# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times 13 ਜੁਲਾਈ 2025 ਦਿਨ ਐਤਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਗੁਰੂਕੁਲ ਸਕੂਲ ਦੇ ਵਿਦਿਆਰਥੀਆਂ ਲਈ 'ਡਾਇਨਿੰਗ ਐਟੀਕੇਟਸ' ਨੂੰ ਪੇਸ਼ ਕਰਦਾ ਸੈਮੀਨਾਰ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 13 ਜੁਲਾਈ : ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਐੱਸ.ਬੀ.ਆਰ.ਐੱਸ. ਗੁਰੂਕੁਲ ਸਕੂਲ ਵਿਖੇ ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ੇਸ਼ ਇੱਕ ਦਿਨਾ ਸੈਮੀਨਾਰ 'ਡਾਈਨਿੰਗ ਐਟੀਕੇਟਸ' ਦਾ ਆਯੋਜਨ ਕੀਤਾ ਗਿਆ। ਜਿਸ ਦੀ ਅਗਵਾਈ ਦਿਸ਼ਾ ਕਰੀਅਰ ਗਾਈਡੈਂਸ ਐਂਡ ਕੌਂਸਲਿੰਗ ਪ੍ਰੋਗਰਾਮ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਅਸਿਸਟੈਂਟ ਪ੍ਰੋਫੈਸਰ ਸ਼੍ਰੀਮਾਨ ਅਭਿਨਯ ਸ਼ਰਮਾ ਵਲੋਂ ਕੀਤੀ ਗਈ। ਜਿੱਥੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭੋਜਨ ਸਮੇਂ




ਸਹੀ ਤਰੀਕਿਆਂ, ਟੇਬਲ ਮੈਨਰਜ਼ ਅਤੇ ਆਧੁਨਿਕ ਸਮਾਜ ਵਿੱਚ ਐਟੀਕੇਟਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਉੱਥੇ ਹੀ ਅਜੋਕੇ ਸਮੇਂ ਵਿੱਚ ਹੋਟਲ ਮੈਨੇਜਮੈਂਟ ਫੀਲਡ ਸਬੰਧੀ ਵੱਖ ਵੱਖ ਖੇਤਰਾਂ ਬਾਰੇ ਜਾਣਕਾਰੀ ਵੀ ਦਿੱਤੀ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵਿਅਕਤੀਗਤ ਜੀਵਨ ਵਿੱਚ ਸਾਂਝੇ ਪੱਧਰ 'ਤੇ ਐਟੀਕੇਟਸ ਦੀ ਭੂਮਿਕਾ ਨੂੰ ਸਮਝਿਆ। ਸ਼੍ਰੀਮਾਨ ਅਭੀਨਯ ਸ਼ਰਮਾ ਵੱਲੋਂ ਵਿਸ਼ੇ ਨਾਲ ਸੰਬੰਧਿਤ ਸੈਮੀਨਾਰ ਵਿੱਚ ਡਾਇਨਿੰਗ ਟੇਬਲ ਦੀ ਸਹੀ ਵਰਤੋਂ ਸਬੰਧੀ ਡੈਮੋ ਦੇ ਕੇ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਸੰਪੂਰਨ ਤੌਰ 'ਤੇ ਭਾਗੀਦਾਰੀ ਦਿਖਾਈ ਗਈ। ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਨਸੀਮ ਬਾਨੋ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਜਿੱਥੇ ਵਿਦਿਆਰਥੀ ਜੀਵਨ ਵਿੱਚ ਚੰਗੇ ਸੰਸਕਾਰਾਂ ਦੀ ਮਹੱਤਤਾ ਬਾਰੇ ਗੱਲ ਸਾਂਝੀ ਕੀਤੀ ਉੱਥੇ ਹੀ ਉਹਨਾਂ ਵੱਲੋਂ ਆਈ ਹੋਈ ਟੀਮ ਦਾ ਧੰਨਵਾਦ ਵੀ ਕੀਤਾ ਗਿਆ। ਪ੍ਰਿੰਸੀਪਲ ਨਸੀਮ ਬਾਨੋ ਜੀ ਨੇ ਕਿਹਾ ਕਿ ਇਹ ਸੈਮੀਨਾਰ ਵਿਦਿਆਰਥੀਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋਇਆ ਜੋ ਉਨ੍ਹਾਂ ਦੇ ਆਚਰਨ ਅਤੇ ਵਿਵਹਾਰ ਵਿੱਚ ਨਿਰਣਾਇਕ ਭੂਮਿਕਾ ਨਿਭਾਵੇਗਾ।

## ਵਿਧਾਨ ਸਭਾ ਹਲਕਾ 088 ਕੋਟਕਪੂਰਾ ਦੇ 167 ਬੀ.ਐੱਲ ਓਜ਼ ਨੂੰ ਦਿੱਤੀ ਗਈ ਟ੍ਰੇਨਿੰਗ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 13 ਜੁਲਾਈ : ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਅਤੇ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਦੀ ਰਹਿਨੁਮਾਈ ਹੇਠ ਵਰਿੰਦਰ ਸਿੰਘ ਐਸ.ਡੀ.ਐਮ-ਕਮ-ਚੋਣਕਾਰ ਰਜਿਸਟਰੇਸ਼ਨ ਅਫਸਰ ਵਿਧਾਨ ਸਭਾ ਹਲਕਾ 088 ਕੋਟਕਪੂਰਾ ਦੀ ਨਿਗਰਾਨੀ ਹੇਠ ਹਲਕੇ ਵਿੱਚ ਕੰਮ ਕਰ ਰਹੇ 167 ਬੀ.ਐੱਲ.ਓਜ਼ ਨੂੰ ਟ੍ਰੇਨਿੰਗ ਦਿੱਤੀ ਗਈ। ਇਸ ਵਿੱਚ ਵਿਧਾਨ ਸਭਾ ਹਲਕਾ ਕੋਟਕਪੂਰਾ ਅਧੀਨ ਕੰਮ ਕਰ ਰਹੇ 167 ਬੀ.ਐੱਲ.ਓਜ਼ ਨਿਰਧਾਰਿਤ ਕੀਤੇ ਗਏ ਸ਼ਡਿਊਲ ਅਨੁਸਾਰ ਬੈਚ ਵਾਇਜ਼ ਟ੍ਰੇਨਿੰਗਵਿੱਚ ਸ਼ਾਮਿਲ ਹੋਏ। ਇਸ ਮੌਕੇ ਐਸ.ਡੀ.ਐਮ. ਕੋਟਕਪੂਰਾ ਵਰਿੰਦਰ ਸਿੰਘ ਨੇ ਦੱਸਿਆ ਕਿ ਇਸ ਟ੍ਰੇਨਿੰਗਵਿੱਚ ਬੀ.ਐੱਲ.ਓਜ਼ ਨੂੰ ਵੋਟਰ ਸੂਚੀਆਂ, ਚੋਣਾਂ ਦੌਰਾਨ ਹੋਣ ਵਾਲੇ ਕੰਮਾਂ, ਵੋਟਰਾਂ ਲਈ ਭਰੇ ਜਾਣ ਵਾਲੇ ਫਾਰਮ ਨੰ: 6, 6ਏ, 7 ਅਤੇ 8 ਆਦਿ ਕੰਮਾਂ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਤੋ ਇਲਾਵਾ ਭਾਰਤ ਚੋਣ ਕਮਿਸ਼ਨ ਵੱਲੋ ਵੋਟਰ ਰਜਿਸਟਰੇਸ਼ਨ ਲਈ ਸ਼ੁਰੂ ਕੀਤੇ ਗਏ ਮੋਬਾਇਲ ਐਪਲੀਕੇਸ਼ਨ ਜਿਵੇਂ 'ਬੀ.ਐੱਲ.ਓ.ਐਪ', 'ਵੋਟਰ ਹੈਲਪਲਾਇਨ ਐਪ' ਬਾਰੇ ਟ੍ਰੇਨਿੰਗਦਿੱਤੀ ਗਈ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗਤੋਂ ਬਾਅਦ ਬੀ.ਐੱਲ.ਓਜ਼. ਦਾ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਟੈਸਟ ਲਿਆ ਗਿਆ ਅਤੇ ਅਸੈਸਮੈਂਟ ਕੀਤੀ ਗਈ। ਇਸ ਟੈਸਟ ਵਿੱਚ ਬੀ.ਐੱਲ.ਓਜ਼ ਦੁਆਰਾ ਪ੍ਰਾਪਤ ਕੀਤੇ ਗਏ ਅੰਕਾਂ ਦੀ ਰਿਪੋਰਟ ਜਿਲ੍ਹਾ ਚੋਣ ਅਫਸਰ ਫਰੀਦਕੋਟ ਨੂੰ ਭੇਜੀ ਜਾਵੇਗੀ। ਇਸ ਟ੍ਰੇਨਿੰਗਵਿੱਚ ਹੋਰਨਾ ਤੋਂ ਇਲਾਵਾ ਮਾਸਟਰ ਟਰੇਨਰ ਜਸਵਿੰਦਰ ਸਿੰਘ ਡਾ ਸੁਰਜੀਤ ਸਿੰਘ, ਸਤਨਾਮ ਸਿੰਘ, ਪਰਵਿੰਦਰ ਸਿੰਘ, ਸ਼ਰਨਜੀਤ ਸਿੰਘ ਅਤੇ ਦਵਿੰਦਰ ਪਾਲ ਸਿੰਘ ਆਦਿ ਵੀ ਹਾਜ਼ਰ ਸਨ।

## ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ 13 ਫੀਸਦੀ ਦਰ ਨਾਲ ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ ਚਾਰ ਕਿਸ਼ਤਾਂ ਜਾਰੀ ਕਰੇ ਕਰਨ ਦੀ ਮੰਗ

### 19 ਜੁਲਾਈ ਨੂੰ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ ਕੋਟਕਪੂਰਾ ਵਿਖੇ ਮਨਾਉਣ ਦਾ ਫੈਸਲਾ

### ਮਾਨ ਸਰਕਾਰ ਝੂਠੀ ਇਸ਼ਤਿਹਾਰਬਾਜ਼ੀ ਕਰਕੇ ਪੰਜਾਬ ਸਿਰ ਦਿਨੋ ਦਿਨ ਕਰਜੇ ਦੀ ਪੰਡ ਹੋਰ ਭਾਰੀ ਕਰ ਰਹੀ ਹੈ : ਚਾਨੀ/ਚਾਵਲਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 13 ਜੁਲਾਈ : ਪੰਜਾਬ ਵਿੱਚ ਪਿਛਲੇ ਸਵਾ ਤਿੰਨ ਸਾਲਾਂ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਅਤੇ ਸੇਵਾਮੁਕਤ ਹੋਏ ਪੈਨਸ਼ਨਰਾਂ ਨੂੰ ਹਰ ਸਾਲ ਮਹੀਨਾ ਜਨਵਰੀ ਅਤੇ ਜੁਲਾਈ ਵਿੱਚ ਦਿੱਤੇ ਜਾਣ ਵਾਲੇ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਅਤੇ ਬਹੁਤ ਸਾਰੇ ਹੋਰ ਰਾਜਾਂ ਨਾਲੋਂ ਬੁਰੀ ਤਰ੍ਹਾਂ ਪਛੜ ਗਈ ਹੈ। ਪੰਜਾਬ ਦੀ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਇਸ ਸਮੇਂ 42 ਫੀਸਦੀ ਮਹਿੰਗਾਈ ਭੱਤਾ ਮਿਲ ਰਿਹਾ ਹੈ, ਜਦਕਿ ਕੇਂਦਰ ਅਤੇ ਬਹੁਤ ਸਾਰੇ ਰਾਜਾਂ ਦੇ ਮੁਲਾਜ਼ਮ ਇਸ ਸਮੇਂ 55 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ। ਇਹ ਦੋਸ਼ ਅੱਜ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਪੰਜਾਬ ਸਰਕਾਰ ਤੇ ਦੋਸ਼ ਲਗਾਇਆ ਗਿਆ। ਮੀਟਿੰਗ ਨੇ ਇੱਕ ਸ਼ੋਕ ਮਤਾ ਪਾਸ ਕਰਕੇ ਜਥੇਬੰਦੀ ਦੇ ਸੂਬਾਈ ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ ਦੇ ਨੌਜਵਾਨ ਪੋਤਰੇ ਪ੍ਰਵੀਨ ਸਿੰਘ, ਅਧਿਆਪਕ ਆਗੂ ਗੁਰਵਿੰਦਰ ਸਿੰਘ ਦੁਆਰੇਆਣਾ ਦੇ ਸਤਿਕਾਰਯੋਗ ਮਾਤਾ ਮਖਤਿਆਰ ਕੌਰ ਅਤੇ ਹੋਰ ਵੱਖ ਵੱਖ ਵਿਅਕਤੀਆਂ ਦੇ ਸਦੀਵੀ ਵਿਛੋੜਾ ਦੇ ਜਾਣ ਦੋ ਮਿੰਟ ਦਾ ਮੌਨ ਧਾਰਨ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਪੈਨਸ਼ਨਰ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਅਸ਼ੋਕ ਕੌਸ਼ਲ, ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਪ੍ਰਿੰਸੀਪਲ ਬਲਵੀਰ ਸਿੰਘ ਬਰਾੜ, ਗੁਰਚਰਨ ਸਿੰਘ ਮਾਨ ਅਤੇ ਮੁਖਤਿਆਰ ਸਿੰਘ ਮੱਤਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਰਾਜਨੀਤਿਕ ਮਨੋਰਥਾਂ ਦੀ ਪੂਰਤੀ ਕਰਨ ਲਈ ਲਗਾਤਾਰ ਝੂਠੀ ਇਸ਼ਤਿਹਾਰਬਾਜ਼ੀ ਅਤੇ ਕਈ ਕਿਸਮ ਦੇ ਹੋਰ ਨਜਾਇਜ਼ ਖਰਚੇ ਕਰਕੇ ਪੰਜਾਬ ਸਿਰ ਦਿਨੋ ਦਿਨ ਕਰਜੇ ਦੀ ਪੰਡ ਹੋਰ ਭਾਰੀ ਕੀਤੀ ਜਾ ਰਹੀ ਹੈ ਅਤੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੇ ਚੋਣ ਮਨੋਰਥ ਪੱਤਰ ਵਿੱਚ ਲੋਕਾਂ ਨਾਲ ਕੀਤੇ ਗਏ ਬਹੁਤ ਸਾਰੇ ਵਾਅਦਿਆਂ ਤੋਂ ਸਰਕਾਰ ਸ਼ਰੇਆਮ ਮੁੱਕਰਦੀ ਨਜ਼ਰ ਆ ਰਹੀ ਹੈ, ਜਿਨ੍ਹਾਂ ਵਿੱਚ ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ ਅਤੇ 18 ਸਾਲ ਤੋਂ ਵੱਧ ਉਮਰ ਵਾਲੀਆਂ ਲੜਕੀਆਂ ਤੇ ਔਰਤਾਂ ਨੂੰ 1000 ਰੁਪਏ ਮਹੀਨਾ ਅਦਾ ਕਰਨੇ ਆਦਿ ਮੁੱਖ ਤੌਰ 'ਤੇ ਸ਼ਾਮਿਲ ਹਨ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 19 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ ਠੀਕ 10:00 ਵਜੇ ਸ਼ਹੀਦ ਭਗਤ ਸਿੰਘ ਪਾਰਕ ਕੋਟਕਪੂਰਾ ਵਿਖੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋ ਦਾ ਪਹਿਲਾ ਬਰਸੀ ਸਮਾਗਮ ਕੀਤਾ ਜਾਵੇਗਾ। ਸਮਾਗਮ ਦੌਰਾਨ ਸਾਥੀ ਰਣਬੀਰ ਸਿੰਘ ਢਿੱਲੋਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਕੀਤੀਆਂ ਗਈਆਂ ਅਨੇਕਾਂ ਪ੍ਰਾਪਤੀਆਂ ਨੂੰ ਯਾਦ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਜਸਵਿੰਦਰ ਸਿੰਘ ਬਰਾੜ, ਕੇਵਲ ਸਿੰਘ ਲੰਭਵਾਲੀ, ਪਰਮਿੰਦਰ ਸਿੰਘ ਜਟਾਣਾ, ਮੇਜਰ ਸਿੰਘ ਡੀ ਪੀ ਈ, ਜੋਗਿੰਦਰ ਸਿੰਘ ਛਾਬੜਾ, ਰਮੇਸ਼ਵਰ ਸਿੰਘ ਸੁਪਰਡੈਂਟ, ਸੁਰਿੰਦਰ ਕੁਮਾਰ ਮੁੰਜਾਲ ਸੁਪਰਡੈਂਟ, ਗੁਰਕੀਰਤ ਸਿੰਘ, ਹਰਦੀਪ ਸਿੰਘ ਫਿੱਡੂ ਭਲਵਾਨ, ਗ਼ੇਜ਼ ਰਾਮ ਭੌਰਾ, ਗੁਰਨੇਕ ਸਿੰਘ ਜਟਾਣਾ ਮਦਨ ਲਾਲ ਸ਼ਰਮਾ ਸੰਧਵਾਂ, ਹਰਦੀਪ ਸਿੰਘ ਲੈਕਚਰਾਰ, ਹਰਭਜਨ ਸਿੰਘ ਬਾਜਾਖਾਨਾ, ਮੇਜਰ ਸਿੰਘ ਪੀ ਟੀ ਆਈ, ਸੁਖਦਰਸ਼ਨ ਸਿੰਘ ਗਿੱਲ, ਹਾਕਮ ਸਿੰਘ ਡੀ ਪੀ ਈ, ਮੰਦਰ ਸਿੰਘ, ਤਾਰਾ ਸਿੰਘ ਪ੍ਰੇਮੀ, ਗੁਰਦੀਪ ਭੋਲਾ ਪੀ ਆਰ ਟੀ ਸੀ, ਪੂਰਨ ਸਿੰਘ ਸੰਧਵਾਂ ਅਤੇ ਕੀਰਤਨ ਸਿੰਘ ਪੀ.ਟੀ.ਆਈ. ਆਦਿ ਵੀ ਹਾਜ਼ਰ ਸਨ।

## ਸਪੀਕਰ ਸੰਧਵਾਂ ਨੇ ਪੰਜਵੇਂ ਰਾਜ ਪੱਧਰੀ ਭੰਗੜਾ ਅਤੇ ਗਿੱਧਾ ਸਮਾਰੋਹ ਵਿੱਚ ਕੀਤੀ ਸ਼ਿਰਕਤ

### ਪੰਜਾਬ ਵਿਰਾਸਤ ਭੰਗੜਾ ਅਕੈਡਮੀ ਨੂੰ 51000 ਰੁਪਏ ਦੇਣ ਦਾ ਕੀਤਾ ਐਲਾਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 13 ਜੁਲਾਈ : ਪੰਜਾਬੀ ਸੱਭਿਆਚਾਰ, ਭੰਗੜਾ, ਗਿੱਧਾ ਪੰਜਾਬੀਆਂ ਦੀ ਇੱਕ ਅਮੀਰ ਅਤੇ ਬੇਸ਼ੁਮਾਰ ਕੀਮਤੀ ਵਿਰਾਸਤ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿਰਾਸਤ ਭੰਗੜਾ ਅਕੈਡਮੀ ਵੱਲੋਂ ਕਰਵਾਏ ਗਏ 5ਵੇਂ ਰਾਜ ਪੱਧਰੀ ਭੰਗੜਾ ਅਤੇ ਗਿੱਧਾ ਸਮਾਰੋਹ ਦੌਰਾਨ ਕੀਤਾ। ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਪੀਕਰ ਸੰਧਵਾਂ ਨੇ ਕਿਹਾ ਕਿ ਸਾਡਾ ਵਿਰਸਾ ਸਾਡਾ ਗੌਰਵ ਅਤੇ ਸਾਡੀ ਜਿੰਦ-ਜਾਨ ਹੈ। ਅੱਜ ਇਸ ਵਿਰਸੇ ਨੂੰ ਸਾਂਭਣ ਦੀ ਜਰੂਰਤ ਹੈ। ਉਨ੍ਹਾਂ ਕਿਹਾ ਕਿ ਸਾਡੇ ਲੋਕ-ਨਾਚਾਂ, ਗਿੱਧੇ ਤੇ ਭੰਗੜੇ ਦੀ ਬਦੌਲਤ ਨਾ ਕੇਵਲ ਭਾਰਤ ਵਿੱਚ ਸਗੋਂ ਵਿਸ਼ਵ ਦੇ ਜਿਨ੍ਹਾਂ ਦੇਸ਼ਾਂ ਵਿੱਚ ਵੀ ਪੰਜਾਬੀ ਗਏ ਹਨ, ਉੱਥੇ ਸੱਭਿਆਚਾਰ ਕਾਰਨ ਹੀ ਪੰਜਾਬੀਆਂ ਦੀ ਵਿਲੱਖਣ ਪਛਾਣ ਬਣ ਚੁੱਕੀ ਹੈ। ਉਨ੍ਹਾਂ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਸਦਕਾ ਹੀ ਬੱਚੇ ਭੰਗੜਾ ਅਤੇ ਗਿੱਧਾ ਸਿੱਖ ਰਹੇ ਹਨ। ਉਨ੍ਹਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਅਕੈਡਮੀ ਨੂੰ 51 ਹਜਾਰ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਅਜਿਹੇ





ਸੱਭਿਆਚਾਰਕ ਪ੍ਰੋਗਰਾਮ ਕਰਵਾਉਣੇ ਬਹੁਤ ਜਰੂਰੀ ਹਨ ਤਾਂ ਜੋ ਨੌਜਵਾਨ ਪੀੜੀ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਿਆ ਜਾ ਸਕੇ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਨੌਜਵਾਨਾਂ ਨੂੰ ਵਿਰਸੇ ਨਾਲ ਜੋੜਨ ਲਈ ਬਹੁਤ ਹੀ ਵਧੀਆ ਉਪਰਾਲਾ ਕੀਤਾ ਗਿਆ ਹੈ, ਜੋ ਕਿ ਨੌਜਵਾਨੀ ਵਿੱਚ ਇੱਕ ਨਵਾਂ ਜੋਸ਼ ਭਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਸੱਭਿਆਚਾਰ ਨੂੰ ਸਾਂਭਣ ਲਈ ਅਜਿਹੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣੇ ਚਾਹੀਦੇ ਹਨ। ਇਸ ਮੌਕੇ ਰਣਜੋਤ ਪ੍ਰੀਤ ਸਿੰਘ, ਮੈਡਮ ਹਰਦੀਪ ਕੌਰ, ਡਾ. ਜਸਵਿੰਦਰ ਪਾਲ ਕੌਰ ਵੱਲੋਂ ਮੁਕਾਬਲਿਆਂ ਦੇ ਨਤੀਜੇ ਐਲਾਨਣ ਲਈ ਜੱਜ ਦੀ ਭੂਮਿਕਾ ਨਿਭਾਈ ਗਈ। ਮੰਚ ਸੰਚਾਲਨ ਦੀ ਭੂਮਿਕਾ ਜਸਬੀਰ ਜੱਸੀ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਅਮਨਦੀਪ ਬਾਬਾ, ਬਰਗੇਡੀਅਰ ਜੀ.ਐਸ ਚੀਮਾ ਡੀ.ਆਈ.ਜੀ ਬੀ.ਐਸ.ਐਫ, ਡਾ. ਦਾਨਿਸ਼ ਜਿੰਦਲ, ਸੁਖਬੀਰ ਸਿੰਘ ਸਚਦੇਵਾ, ਡਾ. ਰੂਬਲ ਬਰਾੜ, ਗਗਨਦੀਪ ਧਾਲੀਵਾਲ ਮੈਨੇਜਿੰਗ ਡਾਇਰੈਕਟਰ ਬਰਾਈਟ ਫਿਊਚਰ, ਗੁਰਦਰਸ਼ਨ ਸਿੰਘ ਲਵੀ ਧਾਲੀਵਾਲ ਪ੍ਰਬੰਧਕ, ਗੁਰਚਰਨ ਸਿੰਘ ਭੰਗੜਾ ਕੋਚ, ਦੇਸ ਰਾਜ ਸ਼ਰਮਾ, ਗੁਰਿੰਦਰ ਸਿੰਘ ਫਿਰੋਜ਼ਪੁਰ, ਨੈਬ ਸਿੰਘ ਪੁਰਬਾ, ਗੁਰਮੇਲ ਸਿੰਘ ਜੱਸਲ, ਅਮਨਦੀਪ ਸਿੰਘ ਲੱਕੀ, ਖੁਸ਼ਵਿੰਦਰ ਸਿੰਘ ਹੈਪੀ, ਲੋਕ ਗਾਇਕ ਸੁਖਜੀਤ ਗਿੱਲ, ਇੰਜੀਨੀਅਰ ਬਲਤੇਜ ਸਿੰਘ, ਹਰਮਿੰਦਰ ਸਿੰਘ ਮਿੰਦਾ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਲੋਕ-ਗਾਇਕ ਇੰਦਰ ਮਾਨ ਦੇ ਵੱਡੇ ਭਰਾ ਦੀ ਬੇਵਕਤੀ ਮੌਤ 'ਤੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 13 ਜੁਲਾਈ : ਪੰਜਾਬ ਦੇ ਪ੍ਰਸਿੱਧ ਲੋਕ-ਗਾਇਕ ਇੰਦਰ ਮਾਨ ਦੇ ਵੱਡੇ ਭਰਾ ਦੀ ਪਿਛਲੇ ਦਿਨੀਂ ਹੋਈ ਬੇਵਕਤੀ ਮੌਤ 'ਤੇ ਅਨੇਕਾਂ ਨਾਮਵਰ ਹਸਤੀਆਂ ਵੱਲੋਂ ਗਹਿਰਾ ਅਫ਼ਸੋਸ ਪ੍ਰਗਟ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬੀ ਸ਼ਾਇਰ ਕੁਲਵਿੰਦਰ ਵਿਰਕ ਨੇ ਦੱਸਿਆ ਕਿ ਲੋਕ-ਗਾਇਕ ਇੰਦਰ ਮਾਨ ਦੇ ਵੱਡੇ ਭਰਾ ਜਗਮੋਹਨ ਸਿੰਘ ਦੀ ਬੀਤੇ ਦਿਨੀਂ ਦੁਖਦਾਈ ਮੌਤ ਹੋ ਗਈ ਸੀ। ਜਗਮੋਹਨ ਸਿੰਘ, ਜੋ ਕਿ ਬੇਹੱਦ ਨਿਮਰ, ਸੰਵੇਦਨਸ਼ੀਲ, ਮਿਹਨਤੀ ਅਤੇ ਸਭ ਦਾ ਭਲਾ ਲੋਚਣ ਵਾਲੇ ਸਨ, ਦੇ ਅਕਾਲ ਚਲਾਣੇ ਮੌਕੇ ਵੱਖ-ਵੱਖ ਸੰਸਥਾਵਾਂ ਅਤੇ ਨਾਮਵਰ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਪਿੰਡ ਸੰਧਵਾਂ ਵਿਖੇ ਪਹੁੰਚ ਕੇ ਡੂੰਘਾ ਅਫ਼ਸੋਸ ਪ੍ਰਗਟ ਕੀਤਾ। ਸ਼ਬਦ-ਸਾਂਝ ਮੰਚ-ਕੋਟਕਪੂਰਾ, ਕਲਮਾਂ ਦੇ ਰੰਗ ਸਾਹਿਤ ਸਭਾ-ਫ਼ਰੀਦਕੋਟ, ਸਮੁੱਚੀ ਪ੍ਰੈਸ ਯੂਨੀਅਨ-ਜ਼ਿਲ੍ਹਾ ਫ਼ਰੀਦਕੋਟ, ਬਾਬਾ ਫ਼ਰੀਦ ਧਾਰਮਿਕ ਅਤੇ ਵਿਦਿਅਕ ਸੰਸਥਾਵਾਂ ਦੇ ਚੇਅਰਮੈਨ, ਮੈਨੇਜਮੈਂਟ ਅਤੇ ਸਮੁੱਚਾ ਸਟਾਫ਼, ਬਲਜੀਤ ਸਿੰਘ ਖੀਵਾ, ਮਨਜਿੰਦਰ ਗੋਹਲੀ, ਰਣਜੀਤ ਰਾਣਾ, ਬਲਧੀਰ ਮਾਹਲਾ, ਕੀਰਤ ਮਾਨ, ਗੀਤਕਾਰ ਤਰਸੇਮ ਭੱਟੀ, ਜੇ ਪੀ ਸਿੰਘ, ਅਨਿਲ ਸ਼ਰਮਾਂ, ਗੀਤਕਾਰ ਪੰਮਾ ਖੋਖ ਵਾਲਾ, ਬਿੱਲਾ ਮਾਹਣੇਵਾਲੀਆ, ਗਾਇਕਾ ਸੁਮਨ ਭੱਟੀ, ਸੰਗੀਤਕਾਰ ਦਵਿੰਦਰ ਸੰਧੂ, ਨਛੱਤਰ ਗੋਨੇਆਣਾ, ਐਸ਼ਵੀਨ ਸਿੰਘ,ਧਰਮ ਪਰਵਾਨਾ, ਗੁਰਪ੍ਰੀਤ ਔਲਖ ਆਦਿ ਪ੍ਰਸਿੱਧ ਸ਼ਖਸੀਅਤਾਂ ਅਤੇ ਨਾਮਵਰ ਸੰਸਥਾਵਾਂ ਨੇ ਗਾਇਕ ਇੰਦਰ ਮਾਨ ਅਤੇ ਸਮੁੱਚੇ ਪਰਿਵਾਰ ਨਾਲ ਆਪਣੀ ਸੰਵੇਦਨਾ ਪ੍ਰਗਟ ਕਰਦਿਆਂ ਅਰਦਾਸ-ਬੇਨਤੀ ਕੀਤੀ ਕਿ ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਜਗਮੋਹਨ ਸਿੰਘ ਦੀ ਆਤਮਿਕ-ਸ਼ਾਂਤੀ ਲਈ ਅੰਤਿਮ ਅਰਦਾਸ ਮਿਤੀ 16 ਜੁਲਾਈ ਦਿਨ ਬੁੱਧਵਾਰ ਨੂੰ ਬਾਅਦ ਦੁਪਹਿਰ 12:15 ਵਜੇ ਗੁਰਦੁਆਰਾ ਮਾਤਾ ਦਇਆ ਕੌਰ ਜੀ, ਕੋਟਕਪੂਰਾ-ਫ਼ਰੀਦਕੋਟ ਰੋਡ, ਪਿੰਡ ਸੰਧਵਾਂ ਵਿਖੇ ਹੋਵੇਗੀ।

## ਸ਼੍ਰੀਲੰਕਾ ਵਿਖੇ ਹੋਈਆਂ 38ਵੀਆਂ ਇੰਟਰਨੈਸ਼ਨਲ ਓਪਨ ਮਾਸਟਰ ਅਥਲੈਟਿਕ ਖੇਡਾਂ 'ਚ ਭਾਰਤ ਦੇ ਲਵਲੀ ਸਰਾਂ ਨੇ ਜਿੱਤੇ ਦੋ ਮੈਡਲ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 13 ਜੁਲਾਈ : ਸ਼੍ਰੀਲੰਕਾ ਵਿੱਖੇ ਹੋਈਆਂ 38ਵੀਆਂ ਇੰਟਰਨੈਸ਼ਨਲ ਓਪਨ ਮਾਸਟਰ ਅਥਲੈਟਿਕ ਖੇਡਾਂ ਵਿੱਚ ਜੈਤੋ ਦੇ ਨੇੜਲੇ ਪਿੰਡ ਸਰਾਵਾਂ ਦੇ ਨੌਜਵਾਨ ਸੁਖਜਿੰਦਰ ਸਿੰਘ (ਲਵਲੀ ਸਰਾਂ) ਨੇ ਭਾਰਤ ਲਈ ਦੋ ਮੈਡਲ ਜਿੱਤੇ ਅਤੇ ਇੰਡੀਆਂ, ਪਿੰਡ ਸਰਾਵਾਂ ਜਿਲ੍ਹਾ ਫਰੀਦਕੋਟ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ। ਇਹਨਾਂ ਖੇਡਾਂ ਵਿੱਚ ਹੈਮਰ ਥਰੋਅ, ਗੋਲਾ ਸੁੱਟਣਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅਤੇ ਗੋਲਾ ਸੁੱਟਣਾ (ਪਹਿਲਾ ਸਥਾਨ) ਅਤੇ ਹੈਮਰ ਥਰੋਅ ਈਵੈਂਟ ਵਿੱਚ ਦੂਜਾ ਸਥਾਨ ਹਾਸਲ ਕੀਤਾ। ਸੁਖਜਿੰਦਰ ਸਿੰਘ ਲਵਲੀ ਸਰਾਂ ਸਰਕਾਰੀ ਹਾਈ ਸਕੂਲ ਸਿਬੀਆਂ ਵਿਖੇ ਬਤੌਰ ਕੰਪਿਊਟਰ ਅਧਿਆਪਕ ਸੇਵਾਵਾਂ ਨਿਭਾ ਰਹੇ ਹਨ। ਇਸ ਤੋ ਇਲਾਵਾ ਨੌਜਵਾਨਾਂ ਨੂੰ ਟਰੇਨਿੰਗ ਵੀ ਦੇ ਰਹੇ ਹਨ। ਲੰਘੇ ਸਾਲਾਂ ਵਿੱਚ ਸਕੂਲ ਦੇ ਬੱਚਿਆਂ ਨੂੰ ਕਬੱਡੀ ਦੀ ਵੀ ਟਰੇਨਿੰਗ ਦਿੱਤੀ ਅਤੇ ਪੰਜਾਬ ਵਿੱਚੋਂ ਬੱਚਿਆਂ ਦੀਆਂ ਪੁਜੀਸ਼ਨਾਂ ਆਈਆਂ, ਪਿੰਡ ਸਰਾਵਾਂ ਦਾ ਨੌਜਵਾਨ ਸ਼ੋਸ਼ਲ ਮੀਡੀਆ 'ਤੇ ਵੀ ਫਿਟਨਸ ਸਬੰਧੀ ਕੋਚਿੰਗ ਅਤੇ ਫਿਟਨਸ ਵਾਲੀਆ ਵੀਡੀਓ ਸਾਂਝੀਆ ਕਰਕੇ ਫਿਟਨਸ ਲਈ ਪ੍ਰੇਰਿਤ ਕਰਦਾ ਹੈ, ਪਿੰਡ ਵਿੱਚ ਵੀ ਫਿਟਨਸ ਕੈਂਪ ਲਾਇਆ ਹੋਇਆ ਹੈ ਤਾਂ ਜੋ ਨੌਜਵਾਨਾਂ ਨੂੰ ਚੰਗੇ ਪਾਸੇ ਲਾਇਆ ਜਾ ਸਕੇ। ਉਹ ਆਪਣਾ ਉਸਤਾਦ ਦਾਦਾ ਜੀ ਨੂੰ ਮਨਦੇ ਹਨ ਜੋ ਕਿ ਪੰਜਾਬ ਪੁਲਿਸ ਵਿੱਚ ਪਹਿਲਵਾਨ ਸਨ। ਸੁਖਜਿੰਦਰ ਸਿੰਘ ਲਵਲੀ ਸਰਾਂ ਨੂੰ ਅੰਤਰਰਾਸ਼ਟਰੀ ਮੈਡਲ ਜਿੱਤ ਕੇ ਪਿੰਡ ਪਰਤਣ 'ਤੇ ਪਿੰਡ ਦੀ ਸਮੁੱਚੀ ਪੰਚਾਇਤ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਦੇ ਸਕੂਲ ਦੇ ਸਮੂਹ ਸਟਾਫ, ਦੋਸਤਾਂ ਪ੍ਰਮੋਦ ਧੀਰ, ਰਾਜਵਿੰਦਰ ਸਿੰਘ, ਕੁਲਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਪੀਟੀਆਈ, ਜਗਸੀਰ ਸਿੰਘ, ਪੰਕਜ ਮਿੱਤਲ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ, ਸੁਖਮੰਦਰ ਸਿੰਘ ਆਦਿ ਨੇ ਮੁਬਾਰਕਾਂ ਦਿੱਤੀਆਂ।